# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 14-10-2025**

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅੱਜ ਪੰਜਾਬ ਦੇ ਦੌਰੇ ਤੇ ਲੁਧਿਆਣਾ ਪਹੁੰਚ ਗਏ ਨੇ, ਉਹ ਇੰਡੀਅਨ ਕੌਂਸਲ ਆਫ਼ ਐਗਰੀਕਲਚਰਲ ਰਿਸਰਚ-ਇੰਡੀਅਨ ਇੰਸਟੀਚਿਊਟ ਆਫ਼ ਮਿਲਟਸ ਰਿਸਰਚ (ICAR-IIMR) ਵਿਖੇ ਦਿਹਾਤੀ ਵਿਕਾਸ ਸਕੀਮਾਂ ਦੇ ਲਾਭਪਾਤਰੀਆਂ ਤੇ ਸਵੈ-ਸਹਾਇਤਾ ਸਮੂਹ ਦੀਦੀਆਂ ਨਾਲ ਗੱਲਬਾਤ ਤੋਂ ਬਾਅਦ ਜ਼ਿਲ੍ਹੇ ਦੇ ਪਿੰਡ ਨੂਰਪੁਰ ਬੇਟ ਵਿਖੇ 'ਕਿਸਾਨ ਚੌਪਾਲ' ਵਿਖੇ ਕਿਸਾਨਾਂ ਨਾਲ ਮੁਲਾਕਾਤ ਕਰਨਗੇ । ਸ੍ਰੀ ਚੌਹਾਨ ਦਾ ਲੁਧਿਆਣਾ ਦੇ ਦੋਰਾਹਾ ਵਿਖੇ ਇਕ ਮਧੂ-ਮੱਖੀ ਪਾਲਣ ਉੱਦਮ ਦਾ ਵੀ ਦੌਰਾ ਕਰਨ ਦਾ ਪ੍ਰੋਗਰਾਮ ਏ ।

---

ਹਰਿਆਣਾ ਸਰਕਾਰ ਨੇ ਸੂਬੇ ਦੇ ਪੁਲਿਸ ਮੁਖੀ ਸ਼ਤਰੂਜੀਤ ਕਪੂਰ ਨੂੰ ਲੰਬੀ ਛੁੱਟੀ 'ਤੇ ਭੇਜ ਦਿੱਤਾ ਏ । ਉਨ੍ਹਾਂ ਦੀ ਜਗ੍ਹਾ ਸੀਨੀਅਰ ਆਈ.ਪੀ.ਐਸ. ਅਧਿਕਾਰੀ ਓ.ਪੀ. ਸਿੰਘ ਨੂੰ ਪੁਲਿਸ ਮੁਖੀ  ਦਾ ਵਾਧੂ

ਚਾਰਜ ਦਿੱਤਾ ਗਿਆ ਏ। ਸ਼੍ਰੀ ਓਪੀ ਸਿੰਘ ਇਸ ਸਮੇਂ ਹਰਿਆਣਾ ਪੁਲਿਸ ਰਿਹਾਇਸ਼ੀ ਨਿਗਮ ਦੇ ਪ੍ਰਬੰਧ ਨਿਰਦੇਸ਼ਕ ਨੇ । ਪ੍ਰਾਪਤ ਜਾਣਕਾਰੀ ਅਨੁਸਾਰ ਸੀਨੀਅਰ ਆਈ.ਪੀ.ਐਸ. ਅਧਿਕਾਰੀ ਵਾਈ ਪੂਰਨ ਕੁਮਾਰ ਦੇ ਖੁਦਕੁਸ਼ੀ ਮਾਮਲੇ ਤੇ ਪਰਿਵਾਰ ਵੱਲੋਂ ਲਗਾਏ ਗਏ ਦੋਸ਼ਾਂ  ਵਿਚਕਾਰ ਪੁਲਿਸ ਡਾਇਰੈਕਟਰ ਜਨਰਲ ਸ਼ਤਰੂਜੀਤ ਕਪੂਰ ਨੂੰ ਲੰਬੀ ਛੁੱਟੀ 'ਤੇ ਭੇਜ ਦਿੱਤਾ ਗਿਆ ਏ। ਪੁਲਿਸ ਨੇ ਸ਼੍ਰੀ ਕਪੂਰ ਸਮੇਤ ਸਾਰੇ ਅਧਿਕਾਰੀਆਂ ਵਿਰੁੱਧ ਐਫ.ਆਈ.ਆਰ. ਦਰਜ ਕਰ ਲਈ ਏ , ਜਿਨ੍ਹਾਂ ਦੇ ਨਾਮ ਖ਼ੁਦਕੁਸ਼ੀ  ਨੋਟ ਵਿੱਚ ਲਿਖੇ ਗਏ ਨੇ।

--------------------------------------------------------------------------

ਇਸ ਦੌਰਾਨ ਹਰਿਆਣਾ ਪੁਲਿਸ ਦੇ ਏ.ਡੀ.ਜੀ.ਪੀ. ਵਾਈ ਪੂਰਨ ਕੁਮਾਰ ਖੁਦਕੁਸ਼ੀ ਮਾਮਲੇ ਵਿਚ ਚੰਡੀਗੜ੍ਹ ਪੁਲਿਸ ਵੱਲੋਂ ਹੁਣ ਤੱਕ ਕੀਤੀ ਗਈ ਕਾਰਵਾਈ ਸਬੰਧੀ ਰਿਪੋਰਟ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਅੱਗੇ ਪੇਸ਼ ਕੀਤੀ ਗਈ । ਪੇਸ਼ ਕੀਤੀ ਰਿਪੋਰਟ ਅਨੁਸਾਰ ਚੰਡੀਗੜ੍ਹ ਪੁਲਿਸ ਵੱਲੋਂ ਇਸ ਮਾਮਲੇ ਵਿੱਚ ਐਸ.ਆਈ.ਟੀ. ਗਠਿਤ ਕੀਤੀ ਗਈ ਏ  ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਰਿਪੋਰਟ ਨਾਲ ਅਸਹਿਮਤੀ ਪ੍ਰਗਟ ਕਰਦਿਆਂ ਚੰਡੀਗੜ੍ਹ ਪੁਲਿਸ ਦੇ

ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਖੁਦਕੁਸ਼ੀ ਨੋਟ ਵਿਚ ਦਰਜ 14 ਵਿਅਕਤੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰੇ।

---------------------------------------------------------------------

ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਕੇਂਦਰੀ ਟੀਮਾਂ ਜਲਦੀ ਹੀ ਪੰਜਾਬ ਦੀਆਂ ਮੰਡੀਆਂ ਦਾ ਦੌਰਾ ਕਰਕੇ ਬਾਰਸਾਂ ਦੇ ਝੋਨੇ ‘ਤੇ ਪਏ ਪ੍ਰਭਾਵ ਦਾ ਮੁਲਾਂਕਣ ਕਰਨਗੀਆਂ। ਖਰੜ ਅਨਾਜ ਮੰਡੀ ਦੇ ਆਪਣੇ ਦੌਰੇ ਦੌਰਾਨ ਮੰਤਰੀ ਨੇ ਚੱਲ ਰਹੇ ਖਰੀਦ ਕਾਰਜਾਂ ‘ਤੇ ਸੰਤੁਸਟੀ ਪ੍ਰਗਟ ਕੀਤੀ ਤੇ ਚੁਣੌਤੀਪੂਰਨ ਮੌਸਮ ਦੇ ਬਾਵਜੂਦ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਵਾਲੇ ਕਿਸਾਨਾਂ, ਏਜੰਸੀਆਂ ਤੇ ਅਧਿਕਾਰੀਆਂ ਦੇ ਯਤਨਾਂ ਦੀ ਸਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਹੁਣ ਤੱਕ 18 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਦਰਜ ਕੀਤੀ ਗਈ ਏ, ਜਿਸ ਵਿੱਚੋਂ 17 ਲੱਖ ਮੀਟ੍ਰਿਕ ਟਨ ਪਹਿਲਾਂ ਹੀ ਖਰੀਦ ਕੀਤੀ ਜਾ ਚੁੱਕੀ ਏ। ਮੰਤਰੀ ਨੇ ਅੱਗੇ ਦੱਸਿਆ ਕਿ ਖਰੀਦੇ ਗਏ ਝੋਨੇ ਦੇ ਬਦਲੇ ਕਿਸਾਨਾਂ ਨੂੰ 3,215 ਕਰੋੜ ਰੁਪਏ ਦੀ ਅਦਾਇਗੀ ਜਾਰੀ ਕੀਤੀ ਜਾ ਚੁੱਕੀ ਏ।

---------------------------------------------------------------------

ਝੋਨੇ ਦੀ ਗੈਰ-ਕਾਨੂੰਨੀ ਅੰਤਰਰਾਜੀ ਢੋਆ-ਢੁਆਈ ‘ਤੇ ਸ਼ਿਕੰਜਾ ਕੱਸਦਿਆਂ ਪੰਜਾਬ ਸਰਕਾਰ ਵਲੋਂ ਫਰੀਦਕੋਟ ਦੇ ਕੋਟਕਪੂਰਾ ਪੁਲਿਸ ਸਟੇਸਨ ਵਿੱਚ ਐਫ.ਆਈ.ਆਰ. ਦਰਜ ਕੀਤੀ ਗਈ ਏ। ਇਸ ਬਾਰੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸਥਾਨਕ ਮਾਰਕਫੈੱਡ ਬ੍ਰਾਂਚ ਮੈਨੇਜਰ ਦੀ ਸ਼ਿਕਾਇਤ ‘ਤੇ ਕੋਟਕਪੂਰਾ ਦੇ ਪਿੰਡ ਹਰੀ ਨੌ ਸਥਿਤ ਦੋ ਚੌਲ ਮਿੱਲਾਂ ਦੇ ਮਾਲਕਾਂ ਤੇ ਰਾਜਸਥਾਨ ਦੇ ਪੰਜ ਵਿਅਕਤੀਆਂ ਖਿਲਾਫ ਐਫ.ਆਈ.ਆਰ. ਦਰਜ ਕੀਤੀ ਗਈ ਏ। ਪੁਲਿਸ ਨੇ ਗੈਰ-ਕਾਨੂੰਨੀ ਝੋਨੇ ਨਾਲ ਭਰੇ ਰਾਜਸਥਾਨ ਦੇ ਰਜਿਸਟਰੇਸਨ ਨੰਬਰ ਵਾਲੇ ਚਾਰ ਟਰੈਕਟਰ-ਟਰਾਲੀਆਂ ਵੀ ਬਰਾਮਦ ਕੀਤੀਆਂ ਨੇ।

---

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਅਮਰਬੀਰ ਸਿੰਘ ਵਾਸੀ ਡੇਰੀਵਾਲ ਅੰਮ੍ਰਿਤਸਰ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਨੇ ਉਸ ਕੋਲੋਂ 6 ਪਿਸਤੌਲ, 11 ਮੈਗਜ਼ੀਨ ਤੇ 101 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ  ਕਿ ਦੋਸ਼ੀ ਹਾਲ ਹੀ ਵਿਚ ਕੈਨੇਡਾ ਤੋਂ ਵਾਪਸ ਆਇਆ ਸੀ ਤੇ ਪਾਕਿਸਤਾਨ-ਅਧਾਰਤ ਤਸਕਰਾਂ ਦੇ

ਸੰਪਰਕ ਵਿਚ ਸੀ। ਇਸ ਸਬੰਧੀ ਇਕ ਐਫ.ਆਈ.ਆਰ. ਦਰਜ ਕੀਤੀ ਗਈ ਏ ਤੇ ਹੋਰ ਜਾਂਚ ਜਾਰੀ ਏ।

---------------------------------------------------------------------

ਜਲੰਧਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵਲੋਂ ਸੀ.ਪੀ.ਆਰ. ਜਾਗਰੂਕਤਾ ਹਫ਼ਤੇ ਦੀ ਸ਼ੁਰੂਆਤ ਕੀਤੀ ਗਈ। ਸਥਾਨਕ ਰੈੱਡ ਕਰਾਸ ਭਵਨ ਵਿਖੇ ਕਰਵਾਏ ਸੈਮੀਨਾਰ ਵਿਚ ਜਲੰਧਰ ਦੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਜਸਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਧਿਆਨ ਨਾਲ ਟ੍ਰੇਨਿੰਗ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਤਾਂ ਜੋ ਉਹ ਕਿਸੇ ਅਣਸੁਖਾਵੀਂ ਘਟਨਾ, ਕੁਦਰਤੀ ਆਫ਼ਤ ਵਿੱਚ ਜ਼ਖਮੀ ਹੋਏ ਵਿਅਕਤੀ ਦੀ ਮਦਦ ਕਰ ਸਕਣ। ਉਨ੍ਹਾਂ ਕਿਹਾ ਕਿ ਸੈਮੀਨਾਰ ਦਾ ਮੁੱਖ ਮੰਤਵ ਵਿਦਿਆਰਥੀਆਂ, ਕਰਮਚਾਰੀਆਂ ਤੇ ਆਮ ਲੋਕਾਂ ਨੂੰ ਜੀਵਨ ਬਚਾਓ ਵਿਧੀ ਸੀ. ਪੀ. ਆਰ. ਟ੍ਰੇਨਿੰਗ ਤੇ ਉਸ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਏ। ਡਾ. ਰੂਚੀ ਸਿੰਘ ਗੌਰ ਤੇ ਡਾ. ਰਿਧੀਮਾ ਨੇ ਵਿਦਿਆਰਥੀਆਂ ਨੂੰ ਸੀ.ਪੀ.ਆਰ. ਟ੍ਰੇਨਿੰਗ ਬਾਰੇ ਜਾਣਕਾਰੀ ਦਿੱਤੀ ਤੇ ਇਸ ਸਬੰਧੀ ਉਨ੍ਹਾਂ ਦੇ ਸ਼ੰਕੇ ਦੂਰ ਕੀਤੇ। ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਡਾ. ਸੁਰਜੀਤ ਲਾਲ ਨੇ ਮੁੱਖ ਮਹਿਮਾਨ, ਡਾਕਟਰੀ ਟੀਮ ਤੇ ਸਕੂਲਾਂ ਦੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਦਾ ਧੰਨਵਾਦ ਕੀਤਾ।

-----------------------------------------------------------------------

ਭਾਰਤ ਨੇ ਅੱਜ ਦਿੱਲੀ ਵਿੱਚ, ਦੂਜੇ ਕ੍ਰਿਕੇਟ ਟੈਸਟ ਮੈਚ ਵਿੱਚ ਵੈਸਟਇੰਡੀਜ਼ ਨੂੰ, 7 ਵਿਕਟਾਂ ਨਾਲ ਹਰਾ ਕੇ 2 ਮੈਚਾਂ ਦੀ ਸੀਰੀਜ਼, 2-0 ਨਾਲ ਜਿੱਤ ਲਈ ਏ। ਭਾਰਤ ਨੇ ਮੈਚ ਦੇ ਪੰਜਵੇਂ ਦਿਨ, 3 ਵਿਕਟਾਂ ਦੇ ਨੁਕਸਾਨ 'ਤੇ 121 ਦੌੜਾਂ ਦਾ ਟੀਚਾ ਹਾਸਿਲ ਕਰ ਲਿਆ। ਸਲਾਮੀ ਬੱਲੇਬਾਜ਼, ਕੇ.ਐਲ. ਰਾਹੁਲ ਨੇ 58 ਦੌੜਾਂ ਬਣਾਈਆਂ, ਜਦੋਂ ਕਿ ਸਾਈ ਸੁਦਰਸ਼ਨ ਨੇ 39 ਦੌੜਾਂ ਦਾ ਯੋਗਦਾਨ ਪਾਇਆ।

-----------------------------------------------------------------------